ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਕਣਕ ਦੇ ਨਾੜ ਨੂੰ ਅੱਗ ਲਾਉਣ ਦੀ ਸੂਚਨਾ ਮਿਲਣ ’ਤੇ ਡਿਪਟੀ ਕਮਿਸ਼ਨਰ ਖੁਦ ਮੌਕੇ ’ਤੇ ਪੁੱਜੇ

* ਪਿੰਡ ਭਗਤਪੁਰਾ ਮੌੜ ਅਤੇ ਉਗੋਕੇ ਪੁੱਜ ਕੇ ਕਿਸਾਨਾਂ ਨੂੰ ਨਾੜ ਨੂੰ ਅੱਗ ਲਾਉਣ ਤੋਂ ਵਰਜਿਆ

*ਨਾੜ ਦਾ ਧੂੰਆਂ ਕਰੋਨਾ ਅਤੇ ਸਾਹ ਦੇ ਮਰੀਜ਼ਾਂ ਲਈ ਬੇਹੱਦ ਨੁਕਸਾਨਦੇਹ: ਤੇਜ ਪ੍ਰਤਾਪ ਸਿੰਘ ਫੂਲਕਾ

*ਪੁਲੀਸ, ਚੌਕਸੀ ਟੀਮਾਂ, ਖੇਤੀਬਾੜੀ ਵਿਭਾਗ, ਵਲੰਟੀਅਰਾਂ ਤੇ ਜੀਓਜ਼ੀ ਨੂੰ ਅਜਿਹੇ ਮਾਮਲਿਆਂ ’ਤੇ ਬਾਜ਼ ਅੱਖ ਰੱਖਣ ਦੇ ਨਿਰਦੇਸ਼

ਬਰਨਾਲਾ, **13** ਮਈ

ਕਣਕ ਦੇ ਨਾੜ ਨੂੰ ਅੱਗ ਲਾਉਣ ਵਾਲੇ ਜਿੱਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ, ਉਥੇ ਇਸ ਦੇ ਧੂੰਏਂ ਨਾਲ ਕਰੋਨਾ ਵਾਇਰਸ ਨਾਲ ਲੜਨ ਦੀ ਸਮਰੱਥਾ ਘਟ ਜਾਂਦੀ ਹੈ। ਇਸ ਲਈ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੇ ਮਾਮਲੇ ਬਿਲਕੁਲ ਬਰਦਾਸ਼ਤ ਨਹੀਂ ਕੀਤੇ ਜਾਣਗੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਅੱਜ ਕੀਤਾ।

ਡਿਪਟੀ ਕਮਿਸ਼ਨਰ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਭਗਤਪੁਰਾ ਮੌੜ ਦੇ ਕਿਸਾਨ ਨੇ ਆਪਣੇ ਖੇਤਾਂ ਵਿਚ ਨਾੜ ਨੂੰ ਅੱਗ ਲਾਈ ਹੋਈ ਹੈ। ਇਸ ’ਤੇ ਡਿਪਟੀ ਕਮਿਸ਼ਨਰ ਮੌਕੇ ’ਤੇ ਪੁੱਜੇ ਅਤੇ ਕਿਸਾਨ ਨੂੰ ਅਜਿਹਾ ਕਰਨ ਤੋਂ ਵਰਜਿਆ। ਉਨ੍ਹਾਂ ਆਖਿਆ ਕਿ ਜ਼ਿਲ੍ਹੇ ਵਿਚ ਧਾਰਾ **144** ਤਹਿਤ ਕਣਕ ਦਾ ਨਾੜ ਸਾੜਨ ’ਤੇ ਪਾਬੰਦੀ ਲਾਈ ਹੋਈ ਹੈ, ਇਸ ਲਈ ਕੋਈ ਵੀ ਕਿਸਾਨ ਅਜਿਹਾ ਕਦਮ ਨਾ ਚੁੱਕੇ। ਇਸ ਮਗਰੋਂ ਪਿੰਡ ਉਗੋਕੇ ਦੇ ਖੇਤਾਂ ਵਿਚ ਅੱਗ ਲੱਗਣ ਦੀ ਸੂਚਨਾ ਮਿਲਣ ’ਤੇ ਡਿਪਟੀ ਕਮਿਸ਼ਨਰ ਉਗੋਕੇ ਪੁੱਜੇ ਅਤੇ ਕਿਸਾਨਾਂ ਨੂੰ ਅਜਿਹਾ ਨਾ ਕਰਨ ਵਾਸਤੇ ਪ੍ਰੇਰਿਆ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿਚ ਪੰਜਾਬ ਸਰਕਾਰ ਵੱਲੋਂ ਜਿੱਥੇ ਪੁਲੀਸ ਕੇਸ ਦਰਜ ਕਰਨ ਦੇ ਨਿਰਦੇਸ਼ ਦਿੱਤੇ ਹੋਏ ਹਨ, ਉਥੇ ਸਬੰਧਤ ਕਿਸਾਨਾਂ ਨੂੰ ਖੇਤੀ ਸਬਸਿਡੀ ਦੇ ਲਾਭ ਤੋਂ ਵਾਂਝੇ ਹੋਣਾ ਪੈ ਸਕਦਾ ਹੈ। ਇਸ ਲਈ ਕਿਸਾਨ ਫਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ।

ਡਿਪਟੀ ਕਮਿਸ਼ਨਰ ਨੇ ਪੁਲੀਸ, ਚੌਕਸੀ ਟੀਮਾਂ, ਖੇਤੀਬਾੜੀ ਵਿਭਾਗ, ਵਲੰਟੀਅਰਾਂ ਤੇ ਜੀਓਜ਼ੀ ਨੂੰ ਅਜਿਹੇ ਮਾਮਲਿਆਂ ’ਤੇ ਨੇੜਿਓਂ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿਚ ਜਿੱਥੇ ਜ਼ਿਲ੍ਹੇ ਵਿਚ **9** ਕੇਸ ਦਰਜ ਕੀਤੇ ਜਾ ਚੁੱਕੇ ਹਨ, ਉਥੇ ਜੁਰਮਾਨਾ ਵੀ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਵਿਚ **12** ਕਲੱਸਟਰ ਇੰਚਾਰਜਾਂ ਦੀ ਅਗਵਾਈ ਵਿਚ ਚੌਕਸੀ ਟੀਮਾਂ ਬਣਾਈਆਂ ਗਈਆਂ ਹਨ, ਜਿਨ੍ਹਾਂ ਅਧੀਨ ਤਹਿਸੀਲ ਪੱਧਰ ਅਤੇ ਫਿਰ ਪਿੰਡ ਪੱਧਰ ’ਤੇ ਟੀਮਾਂ ਬਣਾਈਆਂ ਗਈਆਂ ਹਨ, ਜਿਨ੍ਹਾਂ ਨੂੰ ਆਪਣੇ ਆਪਣੇ ਖੇਤਰਾਂ ਵਿਚ ਕਣਕ ਦੇ ਨਾੜ ਨੂੰ ਅੱਗ ਲਾਉਣ ਦੇ ਮਾਮਲਿਆਂ ’ਤੇ ਬਾਜ਼ ਅੱਖ ਰੱਖਣ ਦੇ ਨਿਰਦੇਸ਼ ਦਿੱਤੇ ਹਨ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦੇ ਹੋਏ ਆਖਿਆ ਕਿ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਨਾਲ ਜਿੱਥੇ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ, ਉਥੇ ਧੂੰਏਂ ਕਾਰਨ ਕਰੋਨਾ ਵਾਇਰਸ ਨਾਲ ਲੜਨ ਦੀ ਸਮਰੱਥਾ ਘਟਦੀ ਹੈ। ਉਨ੍ਹਾਂ ਕਿਹਾ ਕਿ ਫਸਲੀ ਰਹਿੰਦ-ਖੂੰਹਦ ਦੇ ਧੂੰਏਂ ਨਾਲ ਸਾਹ ਅਤੇ ਫੇਫੜਿਆਂ ਦੀ ਬਿਮਾਰੀ ਨਾਲ ਪੀੜਤ ਲੋਕਾਂ ਨੂੰ ਕਰੋਨਾ ਦੀ ਲਪੇਟ ਵਿਚ ਆਉਣ ਅਤੇ ਕਰੋਨਾ ਵਾਇਰਸ ਫੈਲਣ ਦੀ ਸੰਭਾਵਨਾ ਵਧ ਜਾਂਦੀ ਹੈ। ਇਸ ਲਈ ਕਿਸਾਨ ਜਾਗਰੂਕ ਹੋਣ ਅਤੇ ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਕਣਕ ਦੇ ਨਾੜ ਨੂੰ ਕਿਸੇ ਵੀ ਹਾਲਤ ਵਿਚ ਅੱਗ ਨਾ ਲਾਉਣ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਵੀ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਡਿਪਟੀ ਕਮਿਸ਼ਨਰ ਫੂਲਕਾ ਨੇ ਮਗਨਰੇਗਾ ਕਿਰਤੀਆਂ ਨੂੰ ਵੰਡੇ ਮਾਸਕ
* ਸਮਾਜਿਕ ਦੂਰੀ ਬਣਾ ਕੇ ਕੰਮ ਕਰਨ ਅਤੇ ਲੋੜੀਂਦੀਆਂ ਸਾਵਧਾਨੀਆਂ ਵਰਤਣ ਲਈ ਪ੍ਰੇਰਿਆ
*ਕਰੋਨਾ ਖਿਲਾਫ ਜੰਗ ਜਿੱਤਣ ਲਈ ਜ਼ਿਲ੍ਹਾ ਵਾਸੀਆਂ ਤੋਂ ਪੂਰੇ ਸਹਿਯੋਗ ਦੀ ਮੰਗ

ਤਪਾ/ਸਹਿਣਾ/ਬਰਨਾਲਾ, 13 ਮਈ
ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰੋਨਾ ਵਾਇਰਸ ਤੋਂ ਬਚਾਅ ਲਈ ਮੁਹਿੰਮ ਦੇ ਚਲਦਿਆਂ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਅੱਜ ਪਿੰਡ ਭਗਤਪੁਰਾ ਮੌੜ, ਨੇੜੇ ਕੋਠੇ ਝਾਲ ਵਾਲੇ ਅਤੇ ਉਗੋਕੇ ਵਿਖੇ ਕਿਸਾਨਾਂ ਅਤੇ ਮਗਨਰੇਗਾ ਕਾਮਿਆਂ ਨੂੰ ਮਾਸਕ ਵੰਡੇ ਗਏ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਆਖਿਆ ਕਿ ਕਰੋਨਾ ਵਾਇਸਰ ਤੋਂ ਬਚਾਅ ਲਈ ਮਾਸਕ ਪਾਉਣਾ ਬਹੁਤ ਲਾਜ਼ਮੀ ਹੈ। ਇਸ ਲਈ ਘਰ ਤੋਂ ਬਾਹਰ ਨਿਕਲਦੇ ਸਮੇਂ ਮਾਸਕ ਜ਼ਰੂਰ ਪਾਇਆ ਜਾਵੇ। ਉਨ੍ਹਾਂ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਸਮਾਜਿਕ ਦੂਰੀ ਬਣਾ ਕੇ ਕੰਮ ਕਰਨ ਲਈ ਪ੍ਰੇਰਿਆ। ਇਸ ਮੌਕੇ ਉਨ੍ਹਾਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਆਖਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਹੈ, ਇਸ ਲਈ ਕਰੋਨਾ ਵਾਇਰਸ ਵਿਰੁੱਧ ਜੰਗ ਵਿਚ ਉਹ ਵੀ ਪੂਰਾ ਸਹਿਯੋਗ ਦੇਣ। ਇਸ ਮੌਕੇ ਮਗਨਰੇਗਾ ਲੇਬਰ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਪ੍ਰਬੰਧਾਂ ’ਤੇ ਤਸੱਲੀ ਪ੍ਰਗਟਾਈ ਅਤੇ ਆਖਿਆ ਕਿ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆ ਰਹੀ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਭਾਵੇਂ ਜ਼ਿਲ੍ਹਾ ਬਰਨਾਲਾ ਵਿਚ ਕਰੋਨਾ ਵਾਇਰਸ ਕੰਟਰੋਲ ਹੇਠ ਹੈ ਅਤੇ ਨਵੇਂ ਕੇਸ ਨਹੀਂ ਆ ਰਹੇ, ਪਰ ਲੋਕ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਤੇ ਸਾਵਧਾਨੀਆਂ ਦਾ ਖਿਆਲ ਰੱਖਣ ਅਤੇ ਜ਼ਰੂਰੀ ਕੰਮਾਂ ਲਈ ਹੀ ਘਰਾਂ ਤੋਂ ਬਾਹਰ ਨਿਕਲਣ, ਕਿਉਂਕਿ ਜੇਕਰ ਕਰੋਨਾ ਖਿਲਾਫ ਜੰਗ ਜਿੱਤਣੀ ਹੈ ਤਾਂ ਕੁਝ ਹੋਰ ਸਮਾਂ ਜ਼ਰੂਰੀ ਸਾਵਧਾਨੀਆਂ ਵਰਤਣੀਆਂ ਪੈਣਗੀਆਂ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਜ਼ਿਲ੍ਹਾ ਬਰਨਾਲਾ ਵਿਚ ਹਰੇਕ ਸ਼ੁੱਕਰਵਾਰ ਅਤੇ ਸ਼ਨੀਵਾਰ ਖੁੱਲ੍ਹ ਸਕਣਗੇ ਰੈਸਟੋਰੈਂਟ
* ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਕੁਝ ਸ਼ਰਤਾਂ ਸਮੇਤ ਹੁਕਮ ਜਾਰੀ

ਬਰਨਾਲਾ, 13 ਮਈ
ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਪੈਂਦੇ ਰੈਸਟੋਰੈਂਟਾਂ ਨੂੰ ਹਰੇਕ ਸ਼ੁੱਕਰਵਾਰ ਅਤੇ ਸ਼ਨੀਵਾਰ ਸਵੇਰੇ 07:00 ਵਜੇ ਤੋਂ ਲੈ ਕੇ ਸ਼ਾਮ 03:00 ਵਜੇ ਤੱਕ ਕੁਝ ਸ਼ਰਤਾਂ ’ਤੇ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਹੈ।
ਇਨ੍ਹਾਂ ਸ਼ਰਤਾਂ ਅਨੁਸਾਰ ਰੈਸਟੋਰੈਂਟਾਂ ’ਤੇ ਹਰ ਸਮੇਂ ਸਾਫ—ਸਫਾਈ ਰੱਖੀ ਜਾਵੇਗੀ। ਰੈਸਟੋਰੈਂਟਾਂ ਵੱਲੋਂ ਆਮਾ ਨੂੰ ਤਾਜ਼ਾ ਖਾਣਾ ਹੀ ਪੈਕ ਕਰ ਕੇ ਲਿਜਾਣ ਲਈ ਦਿੱਤਾ ਜਾਵੇਗਾ। ਰੈਸਟੋਰੈਂਟਾਂ ਵਿੱਚ ਬੈਠ ਕੇ ਖਾਣ—ਪੀਣ ਦੀ ਮੁਕੰਮਲ ਪਾਬੰਦੀ ਹੋਵੇਗੀ। ਰੈਸਟੋਰੈਂਟਾਂ ਦੇ ਬਾਹਰ ਸੋਸ਼ਲ ਡਿਸਟੈਂਸ ਨੂੰ ਦਰਸਾਉਂਦੇ ਹੋਏ 01—01 ਮੀਟਰ ਦੀ ਦੂਰੀ ’ਤੇ ਗੋਲ ਚੱਕਰ ਬਣਾਏ ਜਾਣਗੇ ਅਤੇ ਰੈਸਟੋਰੈਂਟਾਂ ਅੰਦਰ ਆਮ ਪਬਲਿਕ ਨੂੰ ਦਾਖਲ ਹੋਣ ਦੀ ਆਗਿਆ ਨਹ Ä ਹੋਵੇਗੀ। ਰੈਸਟੋਰੈਂਟਾਂ ’ਤੇ ਖਾਣਾ ਬਣਾਉਣ ਵਾਲੇ ਬਰਤਨਾਂ ਨੂੰ ਸਾਫ ਪਾਣੀ ਅਤੇ ਬਰਤਨਵਾਰ ਨਾਲ ਚੰਗੀ ਤਰ੍ਹਾਂ ਸਾਫ ਕੀਤਾ ਜਾਵੇਗਾ। ਰੈਸਟੋਰੈਂਟਾਂ ’ਤੇ ਕੰਮ ਕਰਨ ਵਾਲੇ ਕੁੱਕ/ਲੇਬਰ ਲਈ ਦਸਤਾਨੇ ਅਤੇ ਮਾਸਕ ਪਹਿਨਣੇ ਜ਼ਰੂਰੀ ਹੋਣਗੇ। ਰੈਸਟੋਰੈਂਟਾਂ ਨੂੰ ਖੋਲ੍ਹਣ ਅਤੇ ਬੰਦ ਕਰਨ ਸਮੇਂ ਚੰਗੀ ਤਰ੍ਹਾਂ ਸਾਫ ਕੀਤਾ ਜਾਵੇਗਾ। ਰੈਸਟੋਰੈਂਟਾਂ ਉਪਰ ਕੰਮ ਕਰਨ ਵਾਲੇ ਕੁੱਕ/ਲੇਬਰ ਸਮੇਂ—ਸਮੇਂ ’ਤੇ ਸੈਨੀਟਾਈਜ਼ਰ ਅਤੇ ਸਾਬਣ ਦੀ ਵਰਤੋਂ ਕਰਨਗੇ ਅਤੇ ਸੋਸ਼ਲ ਡਿਸਟੈਂਸ (01 ਮੀਟਰ ਦੀ ਦੂਰੀ) ਬਣਾ ਕੇ ਰੱਖਣਗੇ। ਕਿਸੇ ਵੀ ਕੁੱਕ/ਲੇਬਰ ਨੂੰ ਜੇਕਰ ਕੋਈ ਬਿਮਾਰੀ ਦੇ ਲੱਛਣ ਜਿਵੇ ਕਿ ਖੰਘ, ਜੁਕਾਮ, ਤੇਜ਼ ਬੁਖਾਰ ਆਦਿ ਹੋਵੇ ਤਾਂ ਉਹ ਆਪਣੇ ਨੇੜੇ ਦੇ ਹਸਤਪਾਲ ਵਿਖੇ ਚੈਕਅੱਪ ਕਰਵਾਉਣਾ ਯਕੀਨੀ ਬਨਾਉਣਗੇ ।
ਉਕਤ ਅਨੁਸਾਰ ਹਦਾਇਤਾਂ ਦੀ ਪਾਲਣਾ ਕਰਵਾਉਣ ਦੀ ਜ਼ਿੰਮੇਵਾਰੀ ਰੈਸਟੋਰੈਂਟ ਮਾਲਕ ਦੀ ਹੋਵੇਗੀ। ਸਰਕਾਰ ਵੱਲੋਂ ਸਮੇਂ—ਸਮੇਂ ’ਤੇ ਜਾਰੀ ਹੋਣ ਵਾਲੀਆਂ ਹਦਾਇਤਾਂ ਦੀ ਪਾਲਣਾ ਕਰਨੀ ਵੀ ਯਕੀਨੀ ਬਣਾਈ ਜਾਵੇਗੀ।
ਉਨ੍ਹਾਂ ਆਖਿਆ ਕਿ ਜ਼ਿਲ੍ਹਾ ਸਿਹਤ ਅਫ਼ਸਰ ਵੱਲੋਂ ਸਮੇਂ-ਸਮੇਂ ਰੈਸਟੋਰੈਂਟਾਂ ਦੀ ਚੈਕਿੰਗ ਕੀਤੀ ਜਾਵੇਗੀ ਅਤੇ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਰੈਸਟੋਰੈਂਟਾਂ ਦੇ ਲਾਇਸੈਂਸ ਰੱਦ ਕੀਤੇ ਜਾਣਗੇ।
ਉਲੰਘਣਾ ਕਰਨ ਵਾਲੇ ਖਿਲਾਫ ਧਾਰਾ 188, ਆਈਪੀਸੀ, 1860 ਤਹਿਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਭਰਤੀ ਰੈਲੀਆਂ ਵਾਸਤੇ ਨੌਜਵਾਨਾਂ ਲਈ ਆਨਲਾਈ ਸਿਖਲਾਈ 15 ਤੋਂ
* ਟ੍ਰੇਨਿੰਗ ਦਾ ਲਾਭ ਲੈਣ ਲਈ ਮੋਬਾਈਲ ਨੰਬਰ 8837696495 ’ਤੇ ਕੀਤਾ ਜਾਵੇ ਰਾਬਤਾ
ਬਰਨਾਲਾ, 13 ਮਈ
ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਵਾਸਤੇ ਸਿਖਲਾਈ ਲੈਣ ਲਈ ਰੁਜ਼ਗਾਰ ਉਤਪਤੀ ਅਤੇ ਟ੍ਰੇਨਿੰਗ ਵਿਭਾਗ ਪੰਜਾਬ ਵੱਲੋਂ ਸੀ-ਪਾਈਟ ਕੈਂਪ ਚਲਾਏ ਜਾ ਰਹੇ ਹਨ, ਜਿਨ੍ਹਾਂ ਅਧੀਨ ਸਿਖਲਾਈ ਲੈ ਕੇ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੇ ਆਪਣਾ ਭਵਿੱਖ ਸੰਵਾਰਿਆ ਹੈ। ਕੈਂਪਾਂ ਦਾ ਮੁੱਖ ਉਦੇਸ਼ ਪੰਜਾਬ ਦੇ ਪੇਂਡੂ ਖੇਤਰ ਨਾਲ ਸਬੰਧਿਤ ਬੇਰੋਜ਼ਗਾਰ ਨੌਜਵਾਨਾਂ ਨੂੰ ਆਰਮੀ, ਪੈਰਾ ਮਿਲਟਰੀ ਫੋਰਸ ਅਤੇ ਪੁਲਿਸ ਬਲਾਂ ਵਿੱਚ ਭਰਤੀ ਹੋਣ ਵਾਸਤੇ ਸਿਖਲਾਈ ਦੇਣਾ ਹੈ।
ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਡਾਇਰੈਕਟਰ ਰੋਜ਼ਗਾਰ, ਉਤਪਤੀ ਤੇ ਸਿਖਲਾਈ ਵਿਭਾਗ, ਜ਼ਿਲਾ ਬਰਨਾਲਾ ਤੇ ਕੈਂਪ ਕਮਾਂਡੈਂਟ ਕਰਨਲ ਐਨ ਡੀ ਐਸ ਬੈਂਸ ਨੇ ਦੱਸਿਆ ਕਿ ਸਾਲ 2020-21 ਦੀਆਂ ਭਰਤੀ ਰੈਲੀਆਂ ਕੋਰੋਨਾ ਮਹਾਮਾਰੀ ਕਾਰਨ ਮੁਲਤਵੀ ਹੋ ਗਈਆਂ ਸਨ। ਹੁਣ  ਆਸ ਕੀਤੀ ਜਾ ਰਹੀ ਹੈ ਕਿ ਹਾਲਾਤ ਸੁਧਰਨ ਉਪਰੰਤ ਇਹ ਭਰਤੀ ਰੈਲੀਆਂ ਬਹੁਤ ਛੇਤੀ ਸ਼ੁਰੂ ਹੋ ਜਾਣਗੀਆਂ, ਜਿਸ ਸਬੰਧੀ ਭਰਤੀ ਦੇ ਚਾਹਵਾਨ ਨੌਜਵਾਨਾਂ ਨੂੰ ਤਿਆਰੀ ਵਾਸਤੇ ਘੱਟ ਸਮਾਂ ਮਿਲੇਗਾ। ਇਸ ਦੇ ਸਬੰਧ ਵਿੱਚ ਲਿਖਤੀ ਪੇਪਰ ਦੀ ਤਿਆਰੀ ਵਾਸਤੇ ਮਿਤੀ 15 ਮਈ 2020 ਤੋਂ ਸੀ-ਪਾਈਟ ਕੈਂਪ ਨਾਭਾ,  ਭਵਾਨੀਗੜ੍ਹ ਰੋਡ, ਗ੍ਰਾਮਸੇਵਕ ਟ੍ਰੇਨਿੰਗ ਸੈਂਟਰ  ਵਲੋਂ  ਆਨਲਾਈਨ ਮਾਧਿਅਮ ਰਾਹੀਂ ਕਲਾਸਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜੋ ਕਿ 2 ਮਹੀਨਿਆਂ ਵਾਸਤੇ ਚੱਲੇਗੀ, ਜ਼ਿਲਾ ਬਰਨਾਲਾ ਨਾਲ ਸਬੰਧਿਤ ਨੌਜਵਾਨ ਸੀ-ਪਾਈਟ ਕੈਂਪ ਤੋਂ ਇਹ ਟ੍ਰੇਨਿੰਗ ਆਪਣੇ ਘਰ ਬੈਠੇ ਹੀ ਆਨਲਾਈਨ ਪ੍ਰਾਪਤ ਕਰ ਸਕਦੇ ਹਨ। ਇਸ ਆਨਲਾਈਨ ਤਿਆਰੀ ਸਬੰਧੀ ਵਧੇਰੇ ਜਾਣਕਾਰੀ ਲੈਣ ਵਾਸਤੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹਰਦੀਪ ਸਿੰਘ ਰਾਏ, ਏਜੂਕੇਸ਼ਨ ਮਾਸਟਰ, ਸੀ-ਪਾਈਟ ਕੈਂਪ, ਨਾਭਾ ਦੇ ਮੋਬਾਇਲ ਨੰ: 8837696495 ’ਤੇ ਸੰਪਰਕ ਕੀਤਾ ਜਾ ਸਕਦਾ ਹੈ।